# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:29-03-2024**

ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਅਤੇ ਪੰਜਾਬ ਰਾਜ ਦੇ ਸਕੱਤਰ ਨੇ 20 ਮਾਰਚ ਨੂੰ ਕੌਮੀ ਗਰੀਨ ਟ੍ਰਿਬਿਊਨਲ ਦਿੱਲੀ ਦੇ ਪ੍ਰਮੁੱਖ ਬੈਂਚ ਵਿੱਚ, ਠੋਸ ਕੂੜਾ ਪ੍ਰਬੰਧਨ ਦੇ ਚੱਲ ਰਹੇ ਇੱਕ ਮਾਮਲੇ ਵਿੱਚ ਪੇਸ਼ ਨਾ ਹੋਣ ਕਾਰਨ ਇਕ -ਇਕ ਲੱਖ ਰੁਪਏ ਦਾ ਜੁਰਮਾਨਾ ਭਰਿਆ ਏ । ਮਾਮਲਾ ਦੀਨਾਨਗਰ ਦੇ ਇੱਕ ਐਕਟੀਵਿਸਟ ਸੁਨੀਲ ਦੱਤ ਵੱਲੋਂ ਦੀਨਾਨਗਰ ਨਗਰ ਕੌਂਸਲ ਖ਼ਿਲਾਫ਼ ਠੋਸ ਕੂੜੇ ਦੇ ਪ੍ਰਬੰਧਨ ਸਬੰਧੀ ਦਾਇਰ ਕੀਤੀ ਗਈ ਸ਼ਿਕਾਇਤ ਦਾ ਏ । ਕੁਝ ਸਾਲ ਪਹਿਲਾਂ ਜਿੱਥੇ ਦੀਨਾਨਗਰ ਵਿਖੇ ਥਾਣੇ ਦੇ ਨੇੜੇ 10 ਤੋਂ 12 ਫੁੱਟ ਡੂੰਘਾ ਛੱਪੜ ਸੀ, ਉੱਥੇ ਹੁਣ ਅੱਠ-ਅੱਠ ਫੁੱਟ ਉੱਚੇ ਕੂੜੇ ਦੇ ਢੇਰ ਦਿਖਾਈ ਦਿੰਦੇ ਨੇ । 5 ਅਕਤੂਬਰ 2023 ਨੂੰ ਕੌਮੀ ਗ੍ਰੀਨ ਟ੍ਰਿਬਿਊਨਲ ਨੂੰ ਸ਼ਿਕਾਇਤਕਰਤਾ ਵੱਲੋਂ ਪੇਸ਼ ਤੱਥਾਂ ਅਤੇ ਸਥਿਤੀ ਦੀ ਪੜਤਾਲ ਕਰਨ ਲਈ ਸਾਂਝੀ ਕਮੇਟੀ

ਬਣਾਉਣ ਅਤੇ ਕਮੇਟੀ ਨੂੰ ਕਾਰਵਾਈ ਦੀ ਤੱਥਾਂ ਵਾਲੀ ਰਿਪੋਰਟ ਪੇਸ਼ ਕਰਨ ਦੇ ਹੁਕਮ ਵੀ ਦਿੱਤੇ ਗਏ ਸਨ । ਸਾਂਝੀ ਕਮੇਟੀ ਦੀ ਰਿਪੋਰਟ 21 ਨਵੰਬਰ 2023 ਨੂੰ ਈਮੇਲ ਰਾਹੀਂ ਟ੍ਰਿਬਿਊਨਲ ਨੂੰ ਭੇਜੀ ਗਈ ਸੀ। ਰਿਪੋਰਟ ਦੇ ਆਧਾਰ 'ਤੇ ਪੰਜਾਬ ਦੇ ਮੁੱਖ ਸਕੱਤਰ , ਦੀਨਾਨਗਰ ਨਗਰ ਕੌਂਸਲ ਦੀ ਕਾਰਜਕਾਰੀ ਅਧਿਕਾਰੀ ਕਿਰਨ ਮਹਾਜਨ, ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਪੰਜਾਬ ਵਾਤਾਵਰਣ ਵਿਭਾਗ ਦੇ ਸਕੱਤਰ ਨੂੰ ਨੋਟਿਸ ਵੀ ਭੇਜੇ ਗਏ ਸਨ । ਵਰਚੁਅਲ ਕਾਨਫਰੰਸ ਰਾਹੀਂ ਮਾਮਲੇ ਦੀ ਸੁਣਵਾਈ ਦੌਰਾਨ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਨਗਿੰਦਰ ਬਨੀਪਾਲ ਐਡਵੋਕੇਟ ਅਤੇ ਦੀਨਾਨਗਰ ਨਗਰ ਕੌਂਸਲ ਦੀ ਕਾਰਜਕਾਰੀ ਅਧਿਕਾਰੀ ਕਿਰਨ ਮਹਾਜਨ ਵੀ ਟ੍ਰਿਬਿਊਨਲ ਅੱਗੇ ਪੇਸ਼ ਹੋਏ ਪਰ ਪੰਜਾਬ ਰਾਜ ਅਤੇ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵੱਲੋਂ ਕੋਈ ਵੀ ਪੇਸ਼ ਨਹੀਂ ਹੋਇਆ। ਉਸ ਤੋਂ ਬਾਅਦ ਜਾਰੀ ਹੁਕਮਾਂ ਵਿੱਚ, ਕੌਮੀ ਗਰੀਨ ਟ੍ਰਿਬਿਊਨਲ ਨੇ ਕਿਹਾ ਸੀ ਕਿ ਸਕੱਤਰ ਪੰਜਾਬ ਅਤੇ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਦੀ ਗੈਰ-ਹਾਜ਼ਰੀ ਨੂੰ ਇਸ ਮਾਮਲੇ ਵਿੱਚ ਸ਼ਾਮਲ ਵਾਤਾਵਰਣ ਦੇ ਮੁੱਦਿਆਂ ਲਈ

ਗੈਰ ਜਰੂਰੀ ਵਿਵਸਥਾ ਦੇ ਢੁਕਵੇਂ ਹੱਲ ਵਿੱਚ ਦੇਰੀ ਮੰਨਿਆ ਜਾਂਦਾ ਏ । ਜਿਸ ਕਾਰਨ ਸਕੱਤਰ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਨੂੰ ਟ੍ਰਿਬਿਊਨਲ ਵੱਲੋਂ ਇਕ -ਇਕ ਲੱਖ ਰੁਪਏ ਜੁਰਮਾਨਾ ਅਦਾ ਕਰਨ ਦੇ ਹੁਕਮ ਦਿੱਤੇ ਗਏ ਸਨ ।

---------------------------------------------------------------

ਪਟਿਆਲਾ ਤੋਂ ਸੰਸਦ ਮੈਂਬਰ ਪ੍ਰਨੀਤ ਕੌਰ ਦੀ ਅਗਵਾਈ ਹੇਠ, ਪਟਿਆਲਾ ਜ਼ਿਲ੍ਹੇ ਦੇ ਕਈ ਸਾਬਕਾ ਕਾਂਗਰਸੀ ਆਗੂ ਅੱਜ ਚੰਡੀਗੜ੍ਹ ਦਫ਼ਤਰ ਵਿਖੇ, ਪੰਜਾਬ ਪ੍ਰਧਾਨ ਸੁਨੀਲ ਜਾਖੜ ਅਤੇ ਪੰਜਾਬ ਇੰਚਾਰਜ ਵਿਜੇ ਰੂਪਾਨੀ ਦੀ ਮੌਜੂਦਗੀ ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ । ਸ਼ਾਮਿਲ ਕਰਾਉਣ ਤੋਂ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ, ਪ੍ਰਨੀਤ ਕੌਰ ਨੇ ਕਿਹਾ ਕਿ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ, ਪੰਜਾਬ ਦੇ ਲੋਕ ਲਗਾਤਾਰ ਦੂਜੀਆਂ ਪਾਰਟੀਆਂ ਨੂੰ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਰਹੇ ਨੇ ਅਤੇ ਉਹ ਵੀ, ਇਸ ਪਾਰਟੀ ਦਾ ਹਿੱਸਾ ਬਣਕੇ ਆਪਣੇ ਆਪ ਵਿੱਚ ਮਾਣ ਮਹਿਸੂਸ ਕਰ ਰਹੇ ਨੇ ।

ਪ੍ਰਨੀਤ ਕੌਰ ਨੇ ਕਿਹਾ ਕਿ  ਉਹ, ਪਟਿਆਲਾ ਜ਼ਿਲ੍ਹੇ ਦੇ ਇਨ੍ਹਾਂ ਸਾਰੇ ਆਗੂਆਂ ਦਾ ਸਵਾਗਤ ਕਰਦੇ ਨੇ ਜਿਹੜੇ BJP ਵਿੱਚ ਸ਼ਾਮਲ ਹੋਏ ਨੇ । ਉਨ੍ਹਾਂ ਅੱਗੇ ਕਿਹਾ ਕਿ ਸੁਨੀਲ ਜਾਖੜ ਤੇ ਵਿਜੇ ਰੁਪਾਣੀ ਦੀ ਅਗਵਾਈ ਹੇਠ ਸਮੁੱਚੀ ਪੰਜਾਬ BJP ਇਕਾਈ ਪੂਰੀ ਮਿਹਨਤ ਕਰ ਰਹੀ ਏ ।

---

ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਕਿਹਾ ਏ ਕਿ ਪਾਰਟੀ ਹਮੇਸ਼ਾ ਤੋਂ ਹੀ ਪੰਜਾਬ ਅਤੇ ਲੋਕਾਂ ਦੀ ਭਲਾਈ ਲਈ ਕਾਰਜ ਕਰਦੀ ਆਈ ਏ ਅਤੇ ਭਵਿੱਖ ਵਿੱਚ ਵੀ ਲੋਕਾਂ ਦੇ ਭਲੇ ਨੂੰ ਮੁੱਖ ਰਖਦੇ ਹੋਏ ਵਿਕਾਸ ਨੀਤੀਆਂ ਤੇ ਕਾਰਜ ਕਰਨ ਲਈ ਵਚਨਬੱਧ ਏ । ਚੰਡੀਗੜ੍ਹ ਤੋਂ ਜਾਰੀ ਇਕ ਬਿਆਨ ਵਿਚ, ਉਨ੍ਹਾਂ ਕਿਹਾ ਪਾਰਟੀ ਨੇ ਸੂਬੇ ਦਾ ਸਰਵਪੱਖੀ ਵਿਕਾਸ ਯਕੀਨੀ ਕੀਤਾ ਏ ।

---

ਪ੍ਰਭੂ ਯਿਸ਼ੂ ਮਸੀਹ ਨੂੰ ਸਲੀਬ 'ਤੇ ਚੜ੍ਹਾਏ ਜਾਣ ਦੀ ਯਾਦ ਵਿਚ  ਅੱਜ ਪੂਰੀ ਦੁਨੀਆ 'ਚ ਗੁੱਡ ਫਰਾਈਡੇ ਮਨਾਇਆ ਜਾ ਰਿਹਾ ਏ । ਇਸ ਦਿਨ ਪ੍ਰਭੂ ਯਿਸ਼ੂ ਮਸੀਹ ਨੇ ਸਾਰਿਆਂ ਵਾਸਤੇ  ਪਿਆਰ ਅਤੇ ਮਨੁੱਖਤਾ ਦੇ ਪਾਪਾਂ

ਲਈ ਦੁੱਖ ਝੱਲਦੇ ਹੋਏ ਆਪਣੀ ਜਾਨ ਕੁਰਬਾਨ ਕੀਤੀ। ਇਹ ਈਸਟਰ ਐਤਵਾਰ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਮਨਾਇਆ ਜਾਂਦਾ ਏ, ਜੋ ਯਿਸੂ ਮਸੀਹ ਦੇ ਜੀ-ਉੱਠਣ ਦਾ ਦਿਨ ਏ । ਗਿਰਜਾਘਰਾਂ ਵਿੱਚ ਪ੍ਰਾਰਥਨਾ ਸਭਾਵਾਂ ਹੋ ਰਹੀਆਂ ਨੇ । ਇਸਨੂੰ ਹੋਲੀ ਫਰਾਈ-ਡੇ, ਗ੍ਰੇਟ ਫਰਾਈ-ਡੇ, ਬਲੈਕ ਫਰਾਈ-ਡੇ ਅਤੇ ਈਸਟਰ ਫਰਾਈ-ਡੇ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਏ । ਈਸਟਰ ਦਾ ਤਿਓਹਾਰ ਅਗਲੇ ਐਤਵਾਰ 30 ਮਾਰਚ ਨੂੰ ਮਨਾਇਆ ਜਾਵੇਗਾ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗੁੱਡ ਫਰਾਈਡੇ ਦੇ ਮੌਕੇ 'ਤੇ ਪ੍ਰਭੂ ਯਿਸੂ ਮਸੀਹ ਦੇ ਬਲੀਦਾਨ ਨੂੰ ਯਾਦ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਅੱਜ, ਗੁੱਡ ਫਰਾਈਡੇ 'ਤੇ, ਅਸੀਂ ਯਿਸੂ ਮਸੀਹ ਦੇ ਬਲੀਦਾਨ ਨੂੰ ਯਾਦ ਕਰਦੇ ਹਾਂ। ਉਨ੍ਹਾਂ ਉਮੀਦ ਜਤਾਈ ਕਿ ਇਸ ਨਾਲ ਸਾਰਿਆਂ ਨੂੰ ਹਮਦਰਦੀ ਅਤੇ ਮੁਆਫੀ ਬਾਰੇ ਪ੍ਰੇਰਨਾ ਮਿਲੇਗੀ ।

-----------------------------------------------------

ਕੱਲ ਦੋ ਪਾਕਿਸਤਾਨੀ ਬੱਚਿਆਂ ਨੂੰ ਅਟਾਰੀ-ਵਾਹਘਾ ਸਰਹੰਦ ਰਸਤਿਓਂ ਉਹਨਾਂ ਦੇ ਵਤਨ ਭੇਜਿਆ ਗਿਆ । ਫਰੀਦਕੋਟ ਜਿਲ੍ਹਾ ਅਤੇ ਸੈਸ਼ਨ ਜੱਜ

ਨਵਜੋਤ ਕੌਰ ਨੇ  ਦੱਸਿਆ ਕਿ ਇਹ ਦੋ ਬੱਚੇ ਗਲਤੀ ਨਾਲ ਭਾਰਤ ਦੀ ਸਰਹੱਦ  ਵਿੱਚ ਦਾਖਲ ਹੋ ਗਏ ਸਨ ਅਤੇ ਸੁਰੱਖਿਆ ਅਧਿਕਾਰੀਆਂ ਵੱਲੋਂ ਫੜੇ ਜਾਣ ਤੇ ਇਹਨਾਂ ਨੂੰ ਤਰਨ ਤਾਰਨ ਜਿਲ੍ਹੇ ਵਿੱਚ ਕਾਨੂੰਨੀ ਕਾਰਵਾਈ ਲਈ ਪੇਸ਼ ਕੀਤਾ ਗਿਆ ਜਿੱਥੋਂ ਇਹਨਾਂ ਨੂੰ ਬੀਤੇ ਸਾਲ 18 ਅਪ੍ਰੈਲ ਨੂੰ ਬਰੀ ਕਰ ਦਿੱਤਾ ਗਿਆ ਸੀ ਪਰ ਇਹਨਾਂ ਦੇ ਵਾਪਸ ਆਪਣੇ ਵਤਨ ਪਰਤਣ ਦੀ ਕਾਰਵਾਈ ਲੰਬੀ ਹੋ ਜਾਣ ਕਾਰਨ ਇਹਨਾਂ ਨੂੰ ਫਰੀਦਕੋਟ ਦੇ ਅਬਜਰਵੇਸ਼ਨ ਹੋਮ ਵਿੱਚ ਰੱਖਿਆ ਗਿਆ ਸੀ ।

-----------------------------------------------------------------

ਜਿਲ੍ਹਾ ਮੈਜਿਸਟਰੇਟ ਘਨਸ਼ਾਮ ਥੋਰੀ ਨੇ ਕਿਹਾ ਕਿ ਲੋਕ ਸਭਾ ਚੋਣਾ 2024 ਦੇ ਮੱਦੇਨਜ਼ਰ  ਅੰਮ੍ਰਿਤਸਰ ਜਿਲ੍ਹੇ ਵਿੱਚ ਅਮਨ ਅਤੇ ਕਾਨੂੰਨ ਦੀ ਵਿਵਸਥਾ ਬਣਾਈ ਰੱਖਣ ਲਈ ਅਸਲਾ ਧਾਰਕ ਆਪਣੇ ਅਸਲੇ ਨੂੰ ਸਥਾਨਕ ਥਾਣੇ  ਜਾਂ ਲਾਇਸੈਂਸੀ ਡੀਲਰਾਂ ਕੋਲ 5 ਅਪ੍ਰੈਲ ਸ਼ਾਮ 5 ਵਜੇ ਤੱਕ ਜਮਾਂ ਕਰਵਾਉਣ ਤਾਂ ਜੋ ਕਿਸੇ ਤਰ੍ਹਾਂ ਦੀ ਅਣਹੋਣੀ ਘਟਨਾ ਨਾ ਵਾਪਰ ਸਕੇ। ਉਨ੍ਹਾਂ ਕਿਹਾ ਕਿ ਪਹਿਲਾਂ ਜਿਲ੍ਹਾ ਵਾਸੀਆਂ ਨੂੰ 19 ਮਾਰਚ ਤੱਕ ਦਾ ਸਮਾਂ ਦਿੱਤਾ ਗਿਆ ਸੀ, ਜੋ ਕਿ ਹੁਣ ਵਧਾ

ਕੇ 5 ਅਪ੍ਰੈਲ ਤੱਕ ਕਰ ਦਿੱਤਾ ਗਿਆ ਏ । ਉਨਾਂ ਦੱਸਿਆ ਕਿ ਇਸ ਦੌਰਾਨ ਆਪਣਾ ਅਸਲਾ ਜਮ੍ਹਾਂ ਨਾ ਕਰਵਾਉਣ ਵਾਲੇ ਅਸਲਾ ਧਾਰਕਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ । ਉਨਾਂ ਦੱਸਿਆ ਕਿ ਕਮਿਸ਼ਨਰ ਪੁਲਿਸ ਦੇ ਅਧੀਨ ਆਉਂਦੇ ਖੇਤਰ ਵਿੱਚ 5 ਹਜ਼ਾਰ 744 ਅਸਲਾ ਧਾਰਕਾਂ ਅਤੇ ਐਸ.ਐਸ.ਪੀ ਦਿਹਾਤੀ ਵਿਚ 11 ਹਜ਼ਾਰ 784 ਅਸਲਾ ਧਾਰਕਾਂ ਨੇ ਆਪਣਾ ਅਸਲਾ ਜਮ੍ਹਾ ਕਰਵਾਇਆ ਏ ।